SED-EDU401/72/2023-2EDU4

I/803168/2024

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ – 4 ਸ਼ਾਖਾ)

ਹੁਕਮ

ਸਕੂਲ ਸਿੱਖਿਆ ਵਿਭਾਗ, ਪੰਜਾਬ ਵਿਖੇ ਕੰਮ ਕਰ ਰਹੇ ਪ੍ਰਿੰਸੀਪਲਾਂ/ਉੱਪ ਜਿਲ੍ਹਾ ਸਿੱਖਿਆ ਅਫਸਰਾਂ ਤੋਂ ਬਤੌਰ ਜਿਲ੍ਹਾ ਸਿੱਖਿਆ ਅਫਸਰ/ਸਹਾਇਕ ਡਾਇਰੈਕਟਰ ਪੱਦ ਉੱਨਤੀਆਂ ਕਰਨ ਲਈ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ ਮਿਤੀ 25.01.2024 ਨੂੰ ਹੋਈ ਸੀ। ਵਿਭਾਗੀ ਤਰੱਕੀ ਕਮੇਟੀ ਵੱਲੋਂ ਕੀਤੀ ਗਈ ਸ਼ਿਫਾਰਸ਼ ਅਨੁਸਾਰ 51 ਪ੍ਰਿੰਸੀਪਲਾਂ/ਉੱਪ ਜਿਲ੍ਹਾ ਸਿੱਖਿਆ ਅਫਸਰਾਂ ਤੋਂ ਬਤੌਰ ਜਿਲ੍ਹਾ ਸਿੱਖਿਆ ਅਫਸਰ/ਸਹਾਇਕ ਡਾਇਰੈਕਟਰ ਪੱਦ ਉੱਨਤ ਕਰਨ ਸਬੰਧੀ ਹੁਕਮ ਸਰਕਾਰ ਦੇ ਪੱਤਰ ਨੰ: SED-EDU401/72/2023-2EDU4/16 ਮਿਤੀ 25.01.2024 ਰਾਹੀਂ ਜਾਰੀ ਕੀਤੇ ਗਏ ਸਨ। ਵਿਭਾਗੀ ਤਰੱਕੀ ਕਮੇਟੀ ਵੱਲੋਂ ਸ੍ਰੀ ਅਸ਼ਵਨੀ ਕੁਮਾਰ, ਪ੍ਰਿੰਸੀਪਲ ਸੀਨੀਆਰਤਾ ਨੰਬਰ 843 (ਜਨਰਲ) ਅਤੇ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸੀਨੀਆਰਤਾ ਨੰਬਰ 1585 (ਅ.ਜ.) ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਪੈਡਿੰਗ ਹੋਣ ਕਾਰਣ ਉਨ੍ਹਾਂ ਦੇ ਕੇਸ ਸੀਲਡ ਕਵਰ ਵਿੱਚ ਰੱਖਣ ਦੀ ਸਿਫਾਰਿਸ਼ ਕੀਤੀ ਗਈ ਸੀ।

2. ਹੁਣ ਸਰਕਾਰ ਦੇ ਹੁਕਮ ਨੰ SED-EDU404/14/2024-5EDU4/I/800614/2024 ਮਿਤੀ 12.03.2024 ਰਾਹੀਂ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਦੀ ਅਤੇ ਸਰਕਾਰ ਦੇ ਹੁਕਮ ਨੰ SED-EDU404/54/2023-1EDU4/I/802016/2024 ਮਿਤੀ 13.03.2024 ਰਾਹੀਂ ਸ੍ਰੀ ਅਸ਼ਵਨੀ ਕੁਮਾਰ, ਪ੍ਰਿੰਸੀਪਲ ਵਿਰੁੱਧ ਜਾਰੀ ਕੀਤੀਆਂ ਦੋਸ਼ ਸੂਚੀਆਂ ਦਾਖਲ ਦਫਤਰ ਕੀਤੀਆਂ ਜਾ ਚੁੱਕੀਆਂ ਹਨ। ਇਸ ਲਈ ਸ੍ਰੀ ਅਸ਼ਵਨੀ ਕੁਮਾਰ, ਪ੍ਰਿੰਸੀਪਲ ਸੀਨੀਆਰਤਾ ਨੰਬਰ 843 (ਜਨਰਲ) ਦਾ ਸੀਲਡ ਕਵਰ ਖੋਲਦੇ ਹੋਏ ਉਸਨੂੰ ਆਪਣੀ ਸੀਨੀਆਰਤਾ ਤੇ ਅਤੇ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸੀਨੀਆਰਤਾ ਨੰਬਰ 1585 (ਅ.ਜ.) ਦਾ ਸੀਲਡ ਕਵਰ ਖੋਲਦੇ ਹੋਏ ਉਸਨੂੰ ਰੋਸਟਰ ਨੁਕਤਾ ਨੰਬਰ 51 ਵਿਰੁੱਧ Punjab Educational Service (School and Inspection Cadre) Group A ਲੈਵਲ 21 ਵਿਚ ਉਸ ਤੋਂ ਜੂਨੀਅਰ ਅਧਿਕਾਰੀਆਂ ਦੀ ਤਰੱਕੀ ਦੀ ਮਿਤੀ 25.1.2024 ਤੋਂ ਬਤੌਰ ਜਿਲਾ ਸਿੱਖਿਆ ਅਫਸਰ/ਸਹਾਇਕ ਡਾਇਰੈਕਟਰ ਪਦ ਉੱਨਤ ਕੀਤਾ ਜਾਂਦਾ ਹੈ। ਮਿਤੀ 25.1.2024 ਤੋਂ ਹਾਜਰ ਹੋਣ ਦੀ ਮਿਤੀ ਤੱਕ ਉਸਦੀ ਤਰੱਕੀ ਨੋਸ਼ਨਲ ਹੋਵੇਗੀ।

3. ਪਦ ਉੱਨਤੀ ਉਪਰੰਤ ਸ੍ਰੀ ਅਸ਼ਵਨੀ ਕੁਮਾਰ ਨੂੰ ਬਤੌਰ ਸਹਾਇਕ ਡਾਇਰੈਕਟਰ, ਮੁੱਖ ਦਫਤਰ ਵਿਖੇ ਅਤੇ ਸ੍ਰੀਮਤੀ ਰਵਿੰਦਰ ਕੌਰ ਨੂੰ ਬਤੌਰ ਜਿਲ੍ਹਾ ਸਿੱਖਿਆ ਅਫਸਰ (ਐ.ਸਿ.) ਸ਼ਹੀਦ ਭਗਤ ਸਿੰਘ ਨਗਰ ਵਿਖੇ ਖਾਲੀ ਥਾਂ ਤੇ ਤੈਨਾਤ ਕੀਤਾ ਜਾਂਦਾ ਹੈ।

4. ਇਹ ਪਦ ਉੱਨਤੀਆਂ ਹੇਠ ਦਰਸਾਈਆਂ ਸ਼ਰਤਾਂ ਤੇ ਅਧਾਰਤ ਹੋਣਗੀਆਂ:-

(ੳ) ਇਹ ਪੱਦ ਉੱਨਤੀਆਂ ਸਿਵਲ ਰਿੱਟ ਪਟੀਸ਼ਨ ਨੰ 8111 ਆਫ 2021 ਹਰਨੇਕ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਵਿੱਚ ਦਾਇਰ ਸੀ.ਐਮ ਨੰ 16519 ਆਫ 2023 ਅਤੇ ਹੋਰ ਪੈਂਡਿੰਗ ਰਿੱਟ ਪਟੀਸ਼ਨਾਂ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਦਿੱਤਾ ਜਾਣ ਵਾਲੇ ਅੰਤਿਮ ਫੈਸਲਾ ਮੰਨਣਯੋਗ ਹੋਵੇਗਾ। ਉਪਰੋਕਤ ਤੋਂ ਇਲਾਵਾ ਮਾਨਯੋਗ ਕੋਰਟ ਵਿੱਚ ਸੀਨੀਅਰਤਾ ਸਬੰਧੀ ਜੇਕਰ ਕੋਈ ਰਿੱਟ ਪਟੀਸ਼ਨ ਲੰਬਿਤ ਹੋਵੇ, ਤਾਂ ਉਨ੍ਹਾਂ ਕੇਸਾਂ ਦਾ ਜੋ ਅੰਤਿਮ ਫੈਸਲਾ ਹੋਵੇਗਾ, ਉਹ ਮੰਨਣਯੋਗ ਹੋਵੇਗਾ।

P.T.O.

(ਅ) ਇਹ ਤਰੱਕੀਆਂ ਬਿਲਕੁਲ ਆਰਜੀ ਹੋਣਗੀਆਂ।

(ੲ) ਇਨ੍ਹਾਂ ਅਧਿਕਾਰੀਆਂ ਦਾ ਪਰਖਕਾਲ ਹਾਜਰ ਹੋਣ ਦੀ ਮਿਤੀ ਤੋਂ ਇੱਕ ਸਾਲ ਦਾ ਹੋਵੇਗਾ।

(ਸ) ਪੱਦ-ਉੱਨਤ ਹੋਏ ਅਧਿਕਾਰੀ ਆਪਣੀ ਹਾਜਰੀ ਰਿਪੋਰਟ ਮਿਤੀ 19.03.2024 ਤੱਕ ਨਵੀਂ ਤੈਨਾਤੀ ਵਾਲੀ ਥਾਂ ਤੇ ਪੇਸ਼ ਕਰਨਗੇ। ਜੇਕਰ ਅਧਿਕਾਰੀ ਮਿੱਥੇ ਸਮੇਂ ਅੰਦਰ ਆਪਣੀ ਹਾਜਰੀ ਪੇਸ਼ ਕਰਨ ਵਿੱਚ ਅਸਮਰਥ ਹੋਏ, ਤਾਂ ਉਨ੍ਹਾਂ ਨੂੰ ਨਿਯਮਾਂ ਅਨੁਸਾਰ ਪੱਦ-ਉੱਨਤੀ ਦੇ ਹੱਕ ਤੋਂ 02 ਸਾਲ ਲਈ ਡੀ-ਬਾਰ ਕਰ ਦਿੱਤਾ ਜਾਵੇਗਾ।

(ਹ) ਜੇਕਰ ਅਧਿਕਾਰੀ ਵਿਰੁੱਧ ਭੈੜੇ ਕਥਨਾਂ ਬਾਰੇ ਜਾਂ ਚਲ ਰਹੀ ਵਿਭਾਗੀ ਕਾਰਵਾਈ ਬਾਰੇ ਕੇਸ ਧਿਆਨ ਵਿੱਚ ਆਉਂਦਾ ਹੈ, ਤਾਂ ਉਸਦੀ ਕੀਤੀ ਗਈ ਪਦ-ਉੱਨਤੀ ਨੂੰ ਮੁੜ ਵਿਚਾਰਿਆ ਜਾਵੇਗਾ।

5. ਇਹ ਹੁਕਮ ਤੁਰੰਤ ਲਾਗੂ ਹੋਣਗੇ।

ਕਮਲ ਕਿਸ਼ੋਰ ਯਾਦਵ, ਆਈ.ਏ.ਐਸ,
ਸਕੱਤਰ, ਪੰਜਾਬ ਸਰਕਾਰ,
ਸਕੂਲ ਸਿੱਖਿਆ ਵਿਭਾਗ।
ਮਿਤੀ, ਚੰਡੀਗੜ੍ਹ:14.03.2024

ਮਿਤੀ, ਚੰਡੀਗੜ੍ਹ:
14.03.2024
ਪਿ.ਅੰ.ਨੰ/ਉਕਤ

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਹਾਂ ਲੇਖਾਕਾਰ (ਏ.ਐਂਡ.ਈ.) ਆਡਿਟ ਵਿੰਗ, ਪੰਜਾਬ, ਚੰਡੀਗੜ੍ਹ।
2. ਸਕੱਤਰ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ।
3. ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ, ਪੰਜਾਬ ਨੂੰ ਕਾਪੀ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਹੁਕਮਾਂ ਨੂੰ ਤੁਰੰਤ ਵਿਭਾਗ ਦੀ ਵੈਬਸਾਈਟ ਤੇ ਅੱਪਲੋਡ ਕੀਤਾ ਜਾਵੇ।
4. ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰ/ਐਲੀਮੈਂਟਰੀ), ਪੰਜਾਬ।
5. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
6. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ (ਵੈਬਸਾਈਟ ਰਾਹੀਂ)।
7. ਸਬੰਧਤ ਅਧਿਕਾਰੀ (ਵੈਬਸਾਈਟ ਰਾਹੀਂ)।

(ਸੁਰਜੀਤ ਸਿੰਘ) 15/3
ਸੁਪਰਡੰਟ

ਅੰਦਰੂਨੀ ਵੰਡ:

1. ਨਿ.ਸਕੱਤਰ/ਸਿੱਖਿਆ ਮੰਤਰੀ
2. ਨਿ.ਸਕੱਤਰ/ਸਕੱਤਰ ਸਕੂਲ ਸਿੱਖਿਆ
3. ਨਿ.ਸਹਾਇਕ/ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ